<u>ਪ੍ਰੈਸ ਨੋਟ</u>
<u>(ਫਿਰੋਜ਼ਪੁਰ ਪੁਲਿਸ)</u>

**<u>ਮਿਤੀ 21 ਅਕਤੂਬਰ 2023</u>**

ਜਿਲ੍ਹਾ ਪੁਲਿਸ ਫਿਰੋਜਪੁਰ ਵੱਲੋਂ ਐਨ.ਡੀ.ਪੀ.ਐਸ ਐਕਟ 1985 ਤਹਿਤ ਪਾਬੰਦੀ ਸ਼ੁਦਾ ਨਸ਼ੀਲੇ ਪਦਾਰਥਾਂ ਦਾ ਕਾਰੋਬਾਰ ਕਰਕੇ ਹਰਨਾਮ ਸਿੰਘ ਪੁੱਤਰ ਪਿਸ਼ਾਵਰ ਸਿੰਘ ਵਾਸੀ ਪੱਲਾ ਮੇਘਾ ਥਾਣਾ ਸਦਰ ਫਿਰੋਜ਼ਪੁਰ ਜਿਲ੍ਹਾ ਫਿਰੋਜ਼ਪੁਰ ਦੀ **41,66,472/- ਰੁਪਏ ਦੀ** ਬਣਾਈ ਗਈ ਗੈਰ ਕਾਨੂੰਨੀ ਜਾਇਦਾਦ ਅ/ਧ 68-ਐਫ(2) ਐਨ.ਡੀ.ਪੀ.ਐਸ. ਐਕਟ 1985 **ਤਹਿਤ ਫਰੀਜ਼ ਕਰਵਾਈ ਗਈ ਹੈ**, **13 ਨਸ਼ਾ ਤਸਕਰਾਂ** ਦੀ ਗੈਰ ਕਾਨੂੰਨੀ ਜਾਇਦਾਦ ਦੇ ਫਰੀਜਿੰਗ ਆਰਡਰ ਅ/ਧ 68-ਐਫ ਐਨ.ਡੀ.ਪੀ.ਐਸ. ਐਕਟ 1985 ਤਹਿਤ ਤਿਆਰ ਕਰਕੇ ਕੰਪੀਟੈਂਟ ਅਥਾਰਿਟੀ ਨਵੀ ਦਿੱਲੀ ਪਾਸ ਭੇਜੇ ਜਾ ਚੁੱਕੇ ਹਨ, ਨਸ਼ਿਆ ਵਿਰੁੱਧ ਕਾਰਵਾਈ ਕਰਦੇ ਹੋਏ **15 ਹੋਰ ਨਸ਼ਾ ਤਸਕਰਾ** ਦੀ ਪ੍ਰਾਪਰਟੀ ਅਟੈਚ ਕਰਵਾਉਣ ਸਬੰਧੀ ਜਾਬਤੇ ਅਨੁਸਾਰ ਕਾਰਵਾਈ ਕੀਤੀ ਜਾ ਰਹੀ ਹੈ।

**ਜਿਲ੍ਹਾ ਪੁਲਿਸ ਫਿਰੋਜ਼ਪੁਰ ਵੱਲੋ** ਪ੍ਰੈਸ ਨੂੰ ਜਾਣਕਾਰੀ ਦਿੰਦਿਆ ਦੱਸਿਆ ਕਿ ਪੰਜਾਬ ਸਰਕਾਰ ਅਤੇ ਮਾਨਯੋਗ ਡੀ.ਜੀ.ਪੀ. ਪੰਜਾਬ ਜੀ ਦੇ ਦਿਸ਼ਾਂ ਨਿਰਦੇਸ਼ਾ ਅਨੁਸਾਰ ਐਨ.ਡੀ.ਪੀ.ਐਸ ਐਕਟ 1985 ਤਹਿਤ ਪਾਬੰਦੀਸ਼ੁਦਾ ਨਸ਼ੀਲੇ ਪਦਾਰਥਾਂ ਦਾ ਕਾਰੋਬਾਰ ਕਰਨ ਵਾਲੇ ਵਿਅਕਤੀਆ ਪਰ ਪੂਰੀ ਤਰਾਂ ਠੱਲ ਪਾਉਣ ਲਈ ਹਰ ਸੰਭਵ ਕੋਸ਼ਿਸ ਕੀਤੀ ਜਾ ਰਹੀ ਹੈ। ਇਸ ਮੁਹਿਮ ਤਹਿਤ ਜਿਲ੍ਹਾ ਪੁਲਿਸ ਦੁਆਰਾ ਜਿਲ੍ਹਾ ਦੇ ਸਮੂਹ ਗਜਟਿਡ ਅਧਿਕਾਰੀਆ ਦੀ ਨਿਗਰਾਨੀ ਹੇਠ ਸਪੈਸ਼ਲ ਟੀਮਾਂ ਬਣਾਈਆਂ ਗਈਆਂ ਹਨ, ਜੋ ਮੁਸ਼ਤੈਦੀ ਨਾਲ ਪੂਰੇ ਏਰੀਆ ਅੰਦਰ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰ ਰਹੀਆਂ ਹਨ।

ਇਸ ਮੁਹਿੰਮ ਤਹਿਤ ਸ਼੍ਰੀ ਰਣਧੀਰ ਕੁਮਾਰ, ਆਈ.ਪੀ.ਐਸ, ਕਪਤਾਨ ਪੁਲਿਸ (ਇੰਨ:) ਫਿਰੋਜਪੁਰ, ਦੀ ਨਿਗਰਾਨੀ ਹੇਠ ਕੰਮ ਕਰ ਰਹੀ ਪੁਲਿਸ ਟੀਮਾਂ ਵੱਲੋਂ ਹਰਨਾਮ ਸਿੰਘ ਉਕਤ ਤੋਂ 260 ਗ੍ਰਾਂਮ ਹੈਰੋਇਨ ਬਰਾਮਦ ਹੋਣ ਤੇ ਇਸ ਦੇ ਖਿਲਾਫ ਮੁਕੱਦਮਾ ਨੰ. 283 ਮਿਤੀ 15.11.2015 ਅ/ਧ 21/61/85 ਐਨ.ਡੀ.ਪੀ.ਐਸ ਐਕਟ ਥਾਣਾ ਸਦਰ ਫਿਰੋਜ਼ਪੁਰ, ਜਿਲਾਂ ਫਿਰੋਜਪੁਰ ਵਿੱਚ ਦਰਜ ਰਜਿਸਟਰ ਹੋਇਆਂ ਸੀ। ਇਸ ਕੇਸ ਵਿੱਚ **ਮਾਨਯੋਗ ਅਦਾਲਤ ਵੱਲੋਂ ਦੋਸ਼ੀ ਹਰਨਾਮ ਸਿੰਘ ਉਕਤ ਨੂੰ 10 ਸਾਲ ਦੀ ਸਜਾ ਅਤੇ 1 ਲੱਖ ਰੁਪਏ ਜੁਰਮਾਨਾ ਦੀ ਸਜਾ ਦਿੱਤੀ ਗਈ ਸੀ। ਹਰਨਾਮ ਸਿ**ੰਘ ਉਕਤ ਦਾ ਪਿੰਡ ਪੱਲਾ ਮੇਘਾ ਵਿੱਚ ਬਣਿਆ 49 ਮਰਲੇ ਦਾ ਮਕਾਨ ਜਿਸ ਦੀ ਕੀਮਤ **28,12,000/-** ਰੁਪਏ, ਮੁਖਤਿਆਰ ਸਿੰਘ ਪੁੱਤਰ ਪਿਸ਼ਾਵਰ ਸਿੰਘ (ਹਰਨਾਮ ਸਿੰਘ ਦਾ ਭਰਾ) ਦੀ ਹਨਡੁਈ ਕਰੇਟਾ ਕਾਰ ਜਿਸ ਦੀ ਕੀਮਤ 10,94,214/- ਰੁਪਏ ਸੀ, ਮੁਖਤਿਆਰ ਕੌਰ ਪਤਨੀ ਹਰਨਾਮ ਸਿੰਘ ਦੇ ਬੈਂਕ ਅਕਾਉਂਟ ਵਿੱਚ ਪਈ ਰਕਮ 2,60,,258/- ਰੁਪਏ ਸੀ। ਇਸ ਤਰਾਂ ਇਸ ਕੁੱਲ ਜਾਇਦਾਦ 41,66,472/- ਰੁਪਏ ਗੈਰ ਕਾਨੂੰਨੀ ਜਾਇਦਾਦ ਨੂੰ ਅ/ਧ 68-ਐਫ(2) ਐਨ.ਡੀ.ਪੀ.ਐਸ. ਐਕਟ 1985 ਤਹਿਤ ਫਰੀਜ਼ ਕਰਵਾਇਆ ਗਿਆ ਹੈ, ਇਹਨਾਂ ਹੁਕਮਾ ਤਹਿਤ **ਅੱਜ ਮਿਤੀ 21-10-2023 ਨੂੰ ਹਲਕਾ ਡੀ.ਐੱਸ.ਪੀ ਸ਼ਹਿਰੀ ਫਿਰੋਜ਼ਪੁਰ, ਮੁੱਖ ਅਫਸਰ ਸਦਰ ਫਿਰੋਜ਼ਪੁਰ ਵੱਲੋਂ ਫਰੀਜਿੰਗ ਦੇ ਆਰਡਰਾਂ ਨੂੰ ਹਰਨਾਮ ਸਿੰਘ ਉਕਤ ਦੇ ਘਰ ਦੇ ਬਾਹਰ ਚਿਪਕਾਇਆ ਗਿਆ ਹੈ।**



**ਹਰਨਾਮ ਸਿੰਘ ਉਕਤ**

**ਇਸ ਤਰਾਂ ਸਾਲ 2023 ਦੌਰਾਨ ਨਸ਼ਾ ਤਸਕਰਾ ਵੱਲੋਂ** ਐਨ.ਡੀ.ਪੀ.ਐਸ ਐਕਟ 1985 ਤਹਿਤ ਪਾਬੰਦੀਸ਼ੁਦਾ ਨਸ਼ੀਲੇ ਪਦਾਰਥਾਂ ਦਾ ਕਾਰੋਬਾਰ ਕਰਕੇ **ਨਜਾਇਜ ਸਾਧਨਾਂ ਰਾਹੀ ਬਣਾਈ** ਗਈ **17 ਕੇਸਾਂ ਦੀ ਕੁੱਲ 8,35,02922/- ਰੁਪਏ ਦੀ** ਗੈਰ ਕਾਨੂੰਨੀ ਜਾਇਦਾਦ **ਨੂੰ ਫਰੀਜ਼ ਕਰਵਾਈ ਜਾ ਚੁੱਕੀ ਹੈ।** ਜਿਸ ਕਰਕੇ ਸਬੰਧਿਤ ਨਸ਼ਾ ਤਸਕਰ ਹੁਣ ਇਸ ਗੈਰ-ਕਾਨੂੰਨੀ ਜਾਇਦਾਦ ਨੂੰ ਕਿਸੇ ਵੀ ਵਿਅਕਤੀ ਨੂੰ ਵੇਚ/ਟਰਾਂਸਫਰ ਨਹੀ ਕਰ ਸਕਦੇ।

**13 ਨਸ਼ਾ ਤਸਕਰਾਂ** ਦੀ ਗੈਰ ਕਾਨੂੰਨੀ ਜਾਇਦਾਦ ਦੇ ਫਰੀਜਿੰਗ ਆਰਡਰ ਅ/ਧ 68-ਐਫ ਐਨ.ਡੀ.ਪੀ.ਐਸ. ਐਕਟ 1985 ਤਹਿਤ ਤਿਆਰ ਕਰਕੇ ਕੰਪੀਟੈਂਟ ਅਥਾਰਿਟੀ ਨਵੀ ਦਿੱਲੀ ਪਾਸ ਭੇਜੇ ਜਾ ਚੁੱਕੇ ਹਨ।

ਇਸ ਤੋਂ ਇਲਾਵਾ ਨਸ਼ਿਆ ਵਿਰੁੱਧ ਕਾਰਵਾਈ ਕਰਦੇ ਹੋਏ **15 ਹੋਰ ਨਸ਼ਾ ਤਸਕਰਾ** ਦੀ ਪ੍ਰਾਪਰਟੀ ਜਬਤ ਕਰਵਾਉਣ ਸਬੰਧੀ ਜਾਬਤੇ ਅਨੁਸਾਰ ਕਾਰਵਾਈ ਕੀਤੀ ਜਾ ਰਹੀ ਹੈ।

**ਪੜਤਾਲ ਦੌਰਾਨ ਹਰਨਾਮ ਸਿੰਘ ਉਕਤ ਤੇ ਹੇਠ ਲਿਖੇ ਮੁਕਦਮੇ ਦਰਜ ਹੋਣੇ ਤਸਦੀਕ ਹੋਏ ਹਨ:-**

1) ਮੁਕੱਦਮਾ ਨੰ. 283 ਮਿਤੀ 15.11.2015 ਅ/ਧ 21/61/85 ਐਨ.ਡੀ.ਪੀ.ਐਸ ਐਕਟ ਥਾਣਾ ਸਦਰ ਫਿਰੋਜ਼ਪੁਰ।
2) ਮੁਕੱਦਮਾ ਨੰ. 144, ਮਿਤੀ 31.07.2017 ਅ/ਧ 21/61/85 ਐਨ.ਡੀ.ਪੀ.ਐਸ ਐਕਟ ਥਾਣਾ ਸਦਰ ਜਲਾਲਾਬਾਦ ਜਿਲਾਂ ਫਾਜਿਲਕਾ।
3) ਮੁਕੱਦਮਾ ਨੰ. 16, ਮਿਤੀ 30.01.2019 ਅ/ਧ 52 ਏ ਪਰੀਜਨ ਐਕਟ ਐਨ.ਡੀ.ਪੀ.ਐਸ ਐਕਟ ਥਾਣਾ ਸਿਟੀ ਫਿਰੋਜ਼ਪੁਰ।
4) ਮੁਕੱਦਮਾ ਨੰ. 192 ਮਿਤੀ 18.11.2021 ਅ/ਧ 307/452/506/427/149/149 ਭ.ਦ 25/27 ਅਸਲਾ ਐਕਟ ਥਾਣਾ ਸਦਰ ਫਿਰੋਜ਼ਪੁਰ।